# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 21-08-2024**

ਭਾਰਤ ਦੇ ਸੰਵਿਧਾਨ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਪੰਜਾਬ ਦੇ ਰਾਜਪਾਲ ਨੇ ਸੋਲ੍ਹਵੀਂ ਪੰਜਾਬ ਵਿਧਾਨ ਸਭਾ ਨੂੰ ਸੋਮਵਾਰ, 2 ਸਤੰਬਰ ਨੂੰ ਬਾਅਦ ਦੁਪਹਿਰ 2 ਵਜੇ ਚੰਡੀਗੜ੍ਹ ਵਿਖੇ, ਇਸਦੇ ਸੱਤਵੇਂ ਇਜਲਾਸ ਲਈ ਸੱਦਿਆ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਭਾਰਤ ਦੇ ਸੰਵਿਧਾਨ ਦੇ ਅਨੁਛੇਦ 174 ਦੇ ਕਲਾਜ਼ (1) ਰਾਹੀਂ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਿਧਾਨ ਸਭਾ ਨੂੰ ਇਸ ਇਜਲਾਸ ਲਈ ਬੁਲਾਇਆ ਗਿਆ ਏ ।

---------------------------------------------------------------

ਪੰਜਾਬ ਵਿੱਚ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਹਰਿਆਲੀ ਮਿਸ਼ਨ ਤਹਿਤ ਸੂਬੇ ਭਰ ਵਿੱਚ ਇਨੀਂ ਦਿਨੀਂ ਰੁੱਖ ਲਗਾਏ ਜਾ

ਰਹੇ ਨੇ । ਇਸ ਤਹਿਤ ਪਠਾਨਕੋਟ ਜ਼ਿਲ੍ਹੇ ਦੇ ਸ਼ਾਹਪੁਰ ਕੰਢੀ ਦੇ 30 ਹੈਕਟੇਅਰ ਜੰਗਲੀ ਖੇਤਰ ਵਿੱਚ ਡਰੋਨ ਰਾਹੀਂ ਕਈ ਕਿਸਮਾਂ ਦੇ ਬੀਜਾਂ ਦਾ ਛਿੜਕਾਅ ਕੀਤਾ ਗਿਆ। ਇਹ ਬੀਜ ਕੋਈ 20 ਦਿਨਾਂ ਦੇ ਅੰਦਰ ਜੰਗਲ ਵਿੱਚ ਆਪਣੇ ਆਪ ਉਗਣੇ ਸ਼ੁਰੂ ਹੋ ਜਾਣਗੇ, ਜਿਸ ਨਾਲ ਇਲਾਕੇ ਦੇ ਜੰਗਲੀ ਖੇਤਰ ਦਾ ਵਿਸਤਾਰ ਹੋਵੇਗਾ।

----------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਪੁਲਿਸ ਲਾਈਨਜ਼ ਲੁਧਿਆਣਾ ਵਿਖੇ ਪੁਲਿਸ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕੀਤੀ । ਉਨ੍ਹਾਂ ਲੁਧਿਆਣਾ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨਾਲ ਔਰਤਾਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਅਤੇ ਉਨ੍ਹਾਂ ਦੇ ਛੇਤੀ ਨਿਪਟਾਰੇ 'ਤੇ ਵਿਚਾਰ ਚਰਚਾ ਕੀਤੀ । ਉਨ੍ਹਾਂ ਕਿਹਾ / ਕਿ ਇਸ ਮੀਟਿੰਗ ਦੇ ਮੁੱਖ ਉਦੇਸ਼, ਔਰਤਾਂ ਦੇ ਅਧਿਕਾਰਾਂ ਦੀ ਰਾਖੀ ਤੇ ਨਿਆਂ ਨੂੰ ਯਕੀਨੀ ਬਣਾਉਣਾ ਏ । ਚੇਅਰਪਰਸਨ ਗਿੱਲ ਨੇ ਦੱਸਿਆ ਕਿ ਸੂਬਾ ਸਰਕਾਰ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਤੇ ਨਿਆਂ ਯਕੀਨੀ ਬਣਾਉਣ 'ਤੇ

ਕੇਂਦਰਿਤ ਏ। ਰਾਜ ਲਾਲੀ ਗਿੱਲ ਨੇ ਮਗਰੋਂ ਜਨਾਨਾ ਜੇਲ੍ਹ ਦਾ ਦੌਰਾ ਵੀ ਕੀਤਾ ਅਤੇ ਮਹਿਲਾ ਕੈਦੀਆਂ ਨਾਲ ਮੁਲਾਕਾਤ ਕੀਤੀ।

---------------------------------------------------

ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਦੇ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ, ਅੰਮ੍ਰਿਤਸਰ ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਦੀ ਅਗਵਾਈ ਹੇਠ ਅਧਿਕਾਰੀਆਂ ਦੀ ਇਕੱਤਰਤਾ ਹੋਈ । ਇਸ ਵਿਚ ਸਮਾਗਮਾਂ ਸਬੰਧੀ ਬਣਾਈਆਂ ਸਬ - ਕਮੇਟੀਆਂ ਪਾਸੋਂ ਤਿਆਰੀਆਂ ਬਾਰੇ ਜਾਣਕਾਰੀ ਲਈ ਗਈ ਅਤੇ ਕੀਤੇ ਜਾਣ ਵਾਲੇ ਹੋਰ ਕਾਰਜਾਂ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ। ਉਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ, ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੇ 450 ਸਾਲਾ ਸ਼ਤਾਬਦੀ ਸਮਾਗਮਾਂ ਨੂੰ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਪੰਥਕ ਪ੍ਰੰਪਰਾਵਾਂ ਅਨੁਸਾਰ, 13 ਤੋਂ 18 ਸਤੰਬਰ ਤੱਕ ਮਨਾਇਆ ਜਾਵੇਗਾ। ਇਸ ਸਬੰਧੀ ਹੋਣ ਵਾਲੇ ਸਮਾਗਮਾਂ

ਦੀਆਂ ਤਿਆਰੀਆਂ ਲਈ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸਬ-ਕਮੇਟੀਆਂ ਬਣਾਇਆਂ ਨੇ । ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨਾਲ ਸਬੰਧਤ, ਸ਼ਤਾਬਦੀ ਸਮਾਗਮ ਵਿਸ਼ੇਸ਼ ਮਹੱਤਤਾ ਰੱਖਦੇ ਨੇ ਅਤੇ ਇਸ ਮੌਕੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਵਾਲੀਆਂ ਸੰਗਤਾਂ ਦੀ ਹਰ ਸਹੂਲਤ ਦਾ ਧਿਆਨ ਰੱਖਣਾ ਕਮੇਟੀ ਦੀ ਜ਼ੁੰਮੇਵਾਰੀ ਏ।

-----------------------------------------------------------

ਫਰੀਦਕੋਟ ਜ਼ਿਲੇ ਦੇ ਪਿੰਡ ਸਿੱਖਾਂਵਾਲਾ ਵਿਖੇ, ਕੋਟਕਪੂਰਾ ਦੇ ਖੇਤੀਬਾੜੀ ਵਿਕਾਸ ਅਫਸਰ ਡਾ. ਨਵਪ੍ਰੀਤ ਸਿੰਘ ਗਿੱਲ ਦੇ ਉਦਮ ਸਦਕਾ ਕਿਸਾਨ ਕੈਂਪ ਲਗਾਇਆ ਗਿਆ । ਬਲਾਕ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ ਨੇ, ਕਿਸਾਨਾਂ ਨੂੰ ਕੁਦਰਤੀ ਸਾਧਨਾਂ ਮਿੱਟੀ, ਪਾਣੀ ਤੇ ਹਵਾ ਨੂੰ ਸੰਭਾਲਣ ਦਾ ਸੁਨੇਹਾ ਦੇਂਦਿਆਂ ਕਿਹਾ ਕਿ ਮਿੱਟੀ ਦੀ ਉਪਜਾਊ ਤਾਕਤ ਵਧਾਉਣ ਲਈ ਸਾਨੂੰ ਰੂੜੀ ਖਾਦ ਤੇ ਹਰੀ ਖਾਦ ਦੀ ਵਰਤੋਂ ਕਰਨੀ ਚਾਹੀਦੀ ਏ ਅਤੇ ਪਾਣੀ ਬਚਾਉਣ ਲਈ ਝੋਨੇ ਹੇਠ ਰਕਬਾ ਘਟਾ ਕੇ, ਫਸਲੀ ਵਿਭਿੰਨਤਾ ਨੂੰ ਅਪਨਾਉਣਾ ਚਾਹੀਦਾ ਏ। ਡਾ. ਗਿੱਲ ਨੇ ਕਿਸਾਨਾਂ ਨੂੰ ਵਿਭਾਗੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਅਪੀਲ ਕੀਤੀ ਕਿ

ਇਨਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਵਿਭਾਗ ਦੇ ਦਫਤਰਾਂ ਨਾਲ ਸੰਪਰਕ ਕੀਤਾ ਜਾਵੇ।

---------------------------------------------------------------

ਦੇਸ਼ ਦੀ ਆਜ਼ਾਦੀ ਦੀ 77ਵੀਂ ਵਰ੍ਹੇਗੰਢ ਦੇ ਜਸ਼ਨਾਂ ਨੂੰ ਜਾਰੀ ਰੱਖਦਿਆਂ, ਆਕਾਸ਼ਵਾਣੀ ਜਲੰਧਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਸੰਗੀਤ ਸਮਾਗਮ 'ਸੂਫ਼ੀ ਰੰਗ ਅੱਜ ਕਰਵਾ ਰਿਹਾ ਏ । ਆਕਾਸ਼ਵਾਣੀ ਦੇ ਪ੍ਰੋਗਰਾਮ ਕਾਰਜਕਾਰੀ ਅਧਿਕਾਰੀ ਮੁਹੰਮਦ ਇਮਤਿਆਜ਼ ਨੇ ਦਸਿਆ ਕਿ ਯੂਨੀਵਰਸਿਟੀ ਦੇ ਸਹਿਯੋਗ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਵਿਚ ਪ੍ਰਸਿੱਧ ਸੂਫੀ ਗਾਇਕ ਰੱਜਾ ਹੀਰ ਅਤੇ ਯਾਕੂਬ ਆਪਣੀ ਸੰਗੀਤ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ । ਵਿਦਿਆਰਥੀਆਂ ਤੋਂ ਇਲਾਵਾ ਯੂਨੀਵਰਸਿਟੀ ਤੇ ਆਕਾਸ਼ਵਾਣੀ ਜਲੰਧਰ ਦੇ ਉੱਚ ਅਧਿਕਾਰੀ ਅਤੇ ਸਟਾਫ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ । ਸਮਾਗਮ ਦਾ ਉਦੇਸ਼, ਵਿਦਿਆਰਥੀਆਂ ਨੂੰ ਆਜ਼ਾਦੀ ਦੇ ਜਸ਼ਨਾਂ ਵਿੱਚ ਸ਼ਾਮਲ ਕਰਨਾ ਅਤੇ ਉਨ੍ਹਾਂ ਨੂੰ ਭਾਰਤ ਦੇ ਸਾਂਝੇ ਸੱਭਿਆਚਾਰ ਦੇ ਇਕ ਹਿੱਸੇ, ਸੂਫੀ ਸੰਗੀਤ ਤੋਂ ਜਾਣੂ ਕਰਵਾਉਣਾ ਏ ।

---------------------------------------------------

ਪਦਮ ਪੁਰਸਕਾਰ 2025 ਲਈ ਨਾਮਜ਼ਦਗੀਆਂ 15 ਸਤੰਬਰ ਤੱਕ ਦਿੱਤੀਆਂ ਜਾ ਸਕਦੀਆਂ ਨੇ । ਦਿਲਚਸਪੀ ਰੱਖਣ ਵਾਲੇ ਭਾਗੀਦਾਰ, ਨੈਸ਼ਨਲ ਅਵਾਰਡਜ਼ ਪੋਰਟਲ, awards.gov.in 'ਤੇ ਆਪਣੀਆਂ ਨਾਮਜ਼ਦਗੀਆਂ ਜਮ੍ਹਾਂ ਕਰ ਸਕਦੇ ਨੇ । ਪਦਮ ਪੁਰਸਕਾਰ ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨਾਂ ਵਿੱਚੋਂ ਇੱਕ ਨੇ। ਇਹ ਪੁਰਸਕਾਰ ਤਿੰਨ ਸ਼੍ਰੇਣੀਆਂ ਵਿੱਚ ਦਿੱਤੇ ਜਾਂਦੇ ਨੇ।

---------------------------------------------------

ਭਾਰਤ ਸਰਕਾਰ ਦੇ ਔਰਤ ਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਰਾਸ਼ਟਰੀ ਬਾਲ ਪੁਰਸਕਾਰ ਲਈ ਆਨਲਾਈਨ ਪੋਰਟਲ ਰਾਹੀਂ ਰਜਿਸਟਰੇਸ਼ਨ 31 ਅਗਸਤ ਤੱਕ ਕਰਵਾਈ ਜਾ ਰਹੀ ਏ ।